# ਦਫਤਰ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਮੈਜਿਸਟਰੇਟ, ਸ੍ਰੀ ਮੁਕਤਸਰ ਸਾਹਿਬ

(ਫੁਟਕਲ ਸ਼ਾਖਾ)

ਈਮੇਲ: dcmks@yahoo.com, ਫੋਨ : 01633-263643
madcmuktsar@gmail.com ਫੈਕਸ : 01633-263808,262512

ਬੇਟੀ ਬਚਾਓ-ਬੇਟੀ ਪੜ੍ਹਾਓ


---

ਹੁਕਮ:

ਕਰੋਨਾ ਵਾਇਰਸ ਦੇ ਫੈਲਣ ਤੋਂ ਬਚਾਅ ਸਬੰਧੀ ਇਸ ਦਫ਼ਤਰ ਦੇ ਹੁਕਮ ਜੋ ਕਿ ਪਿ:ਅੰ:ਨੰ: 6096-6166/ਐਮ.ਏ./ਐਮ.ਸੀ.-1 ਮਿਤੀ: 23/3/2020 ਅਤੇ ਹੁਕਮ ਪਿ:ਅੰ:ਨੰ: 12006-12006/ਐਮ.ਏ./ਐਮ.ਸੀ.-1 ਮਿਤੀ: 2/5/2020 ਰਾਹੀਂ ਜਿਲ੍ਹਾ ਸ਼੍ਰੀ ਮੁਕਤਸਰ ਸਾਹਿਬ ਵਿੱਚ ਮਿਤੀ: 17/5/2020 ਤੱਕ ਕਰਫਿਊ ਲਗਾਉਣ ਦੇ ਹੁਕਮ ਜਾਰੀ ਕੀਤੇ ਗਏ ਹਨ, ਜਿਸ ਵਿੱਚ ਕਈ ਪ੍ਰਕਾਰ ਦੀਆਂ ਸੇਵਾਵਾਂ ਤੇ ਪਾਬੰਦੀ ਲਗਾਈ ਗਈ ਹੈ ਅਤੇ ਕਿਸੇ ਵੀ ਵਿਅਕਤੀ ਦੇ ਚੱਲਣ-ਫਿਰਨ ਤੇ ਮਨਾਹੀ ਹੈ।

ਦਫਤਰ ਆਬਕਾਰੀ ਤੇ ਕਰ ਕਮਿਸ਼ਨਰ, ਪੰਜਾਬ ਵੱਲੋਂ ਜਾਰੀ ਹਦਾਇਤਾਂ ਰਾਹੀਂ ਪੱਤਰ ਨੰ: ਅ-1-2020/2850-2882 ਮਿਤੀ 05-05-2020 ਅਨੁਸਾਰ ਲਾਕਡਾਊਨ ਦੌਰਾਨ ਸ਼ਰਾਬ ਦੀ home delivery ਸ਼ੁਰੂ ਕਰਨ ਦੀ ਆਗਿਆ ਦਿੱਤੀ ਹੈ। ਇਨ੍ਹਾਂ ਹਦਾਇਤਾਂ ਦੇ ਮੱਦੇਨਜ਼ਰ ਜਿਲ੍ਹੇ ਦੀ ਹਦੂਦ ਅੰਦਰ delivery boys ਵੱਲੋਂ ਸ਼ਰਾਬ ਦੀ home delivery ਕਰਨ ਹਿੱਤ ਪਾਸ ਜਾਰੀ ਕਰਨ ਲਈ ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ, ਸ੍ਰੀ ਮੁਕਤਸਰ ਸਾਹਿਬ ਨੂੰ ਅਧਿਕਾਰਤ ਕੀਤਾ ਜਾਂਦਾ ਹੈ ਅਤੇ ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ ਵੱਲੋਂ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਵਾਉਣੀ ਯਕੀਨੀ ਬਣਾਈ ਜਾਵੇਗੀ। Home Delivery ਕਰਨ ਵਾਲਾ ਵਿਅਕਤੀ ਇਹ ਯਕੀਨੀ ਬਣਾਏਗਾ ਕਿ ਉਸ ਵੱਲੋਂ ਸਮਾਨ ਅਤੇ ਖੁਦ ਦੀ ਸੈਨੇਟਾਈਜੇਸ਼ਨ ਦਾ ਪੂਰਾ ਧਿਆਨ ਰੱਖਿਆ ਜਾਵੇ। ਇੱਥੇ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਸ਼ਰਾਬ ਦੀ ਦੁਕਾਨ ਤੋਂ ਸ਼ਰਾਬ ਦੀ ਵਿਕਰੀ ਦੀ ਆਗਿਆ ਨਹੀਂ ਹੋਵੇਗੀ।

ਮਾਮਲੇ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕਤਰਫਾ ਪਾਸ ਕੀਤਾ ਜਾਂਦਾ ਹੈ ਅਤੇ ਸਮੂਹ ਆਮ ਲੋਕਾਂ ਨੂੰ ਸੰਬੋਧਨ ਕੀਤਾ ਜਾਂਦਾ ਹੈ। ਇਹ ਹੁਕਮ ਜਿਲ੍ਹਾ ਮੈਜਿਸਟਰੇਟ, ਸੀਨੀਅਰ ਪੁਲਿਸ ਕਪਤਾਨ, ਉਪ ਮੰਡਲ ਮੈਜਿਸਟਰੇਟਾਂ, ਤਹਿਸੀਲਦਾਰਾਂ, ਕਾਰਜ ਸਾਧਕ ਅਫਸਰਾਂ ਅਤੇ ਬਲਾਕ ਵਿਕਾਸ ਤੇ ਪੰਚਾਇਤ ਅਫਸਰਾਂ ਦੇ ਦਫਤਰ ਦੇ ਨੋਟਿਸ ਬੋਰਡ ਤੇ ਚਸਪਾ ਕਰਕੇ ਅਤੇ ਲੋਕ ਸੰਪਰਕ ਵਿਭਾਗ, ਸ੍ਰੀ ਮੁਕਤਸਰ ਸਾਹਿਬ ਪ੍ਰੈੱਸ ਮਾਧਿਅਮ ਰਾਹੀਂ ਪ੍ਰਚਾਰ ਕਰਕੇ ਲਾਗੂ ਕੀਤਾ ਜਾਵੇਗਾ ਅਤੇ ਸਮੂਹ ਧਾਰਮਿਕ ਸਥਾਨਾਂ ਵੱਲੋ ਵੀ ਲਾਊਡ ਸਪੀਕਰਾਂ ਰਾਹੀਂ ਲੋਕਾਂ ਨੂੰ ਸੂਚਿਤ ਕੀਤਾ ਜਾਵੇ।

ਇਹ ਹੁਕਮ ਮੇਰੇ ਹਸਤਾਖਰਾਂ ਅਤੇ ਅਦਾਲਤ ਦੀ ਮੋਹਰ ਨਾਲ ਅੱਜ ਮਿਤੀ 06/05/2020 ਨੂੰ ਜਾਰੀ ਕੀਤਾ ਗਿਆ ਅਤੇ ਅਗਲੇ ਹੁਕਮਾਂ ਤੱਕ ਲਾਗੂ ਰਹੇਗਾ।

ਐਮ.ਕੇ ਅਰਾਵਿੰਦ ਕੁਮਾਰ, ਆਈ.ਏ.ਐਸ,
ਜ਼ਿਲ੍ਹਾ ਮੈਜਿਸਟਰੇਟ, ਸ੍ਰੀ ਮੁਕਤਸਰ ਸਾਹਿਬ।